ਜੇ ਜੁਗ ਚਾਰੇ ਆਰਜਾ ਹੋਰ ਦਸੂਣੀ ਹੋਇ ॥ ਨਵਾ ਖੰਡਾ
ਵਿਚਿ ਜਾਣੀਐ ਨਾਲਿ ਚਲੈ ਸਭੁ ਕੋਇ ॥ ਚੰਗਾ ਨਾਉ
ਰਖਾਇ ਕੈ ਜਸੁ ਕੀਰਤਿ ਜਗਿ ਲੇਇ ॥ ਜੇ ਤਿਸੁ
ਨਦਰਿ ਨ ਆਵਈ ਤ ਵਾਤ ਨ ਪੁਛੈ ਕੇ ॥ ਕੀਟਾ
ਅੰਦਰਿ ਕੀਟੁ ਕਰਿ ਦੋਸੀ ਦੋਸੁ ਧਰੇ ॥ ਨਾਨਕ
ਨਿਰਗੁਣਿ ਗੁਣੁ ਕਰੇ ਗੁਣਵੰਤਿਆ ਗੁਣੁ ਦੇ ॥ ਤੇਹਾ
ਕੋਇ ਨ ਸੁਝਈ ਜਿ ਤਿਸੁ ਗੁਣੁ ਕੋਇ ਕਰੇ ॥੭ ॥